# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :30-08-2025**

ਪੰਜਾਬ ਵਿੱਚ, ਭਾਰੀ ਮੀਂਹ ਨਾਲ ਸਤਲੁਜ, ਬਿਆਸ ਅਤੇ ਰਾਵੀ ਦਰਿਆਵਾਂ ਦੇ ਪਾਣੀ ਦਾ ਪੱਧਰ ਵਧਣ ਕਾਰਨ ਕਈ ਜ਼ਿਲ੍ਹੇ ਗੰਭੀਰ ਹੜ੍ਹਾਂ ਦੀ ਮਾਰ ਹੇਠ ਨੇ। ਹਿਮਾਚਲ ਪ੍ਰਦੇਸ਼ ਦੇ ਪਹਾੜੀ ਇਲਾਕਿਆਂ ਤੋਂ ਪਾਣੀ ਦੇ ਭਾਰੀ ਵਹਾਅ ਕਾਰਨ ਸੂਬੇ ਭਰ ਦੇ ਕਈ ਨੀਵੇਂ ਇਲਾਕੇ ਡੁੱਬ ਗਏ ਨੇ। ਪੌਂਗ ਡੈਮ ਵਿਚ ਪਾਣੀ ਦਾ ਪੱਧਰ ਕਲ ਦੇ ਮੁਕਾਬਲੇ ਵਧ ਗਿਆ ਏ। ਇਸ ਦੌਰਾਨ, ਮਾਝਾ ਅਤੇ ਦੋਆਬਾ ਖੇਤਰਾਂ ਦੇ ਕੁਝ ਹਿੱਸਿਆਂ ਵਿੱਚ ਪਾਣੀ ਦਾ ਪੱਧਰ ਘਟਣਾ ਸ਼ੁਰੂ ਹੋ ਗਿਆ ਏ, ਪਰ ਘਗਰ ਦਰਿਆ ਵਿਚ ਪਾਣੀ ਵਧਣਾ ਸ਼ੁਰੂ ਹੋ ਗਿਆ ਏ। ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਵਿੱਚ ਹੋਰ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਏ। ਫੌਜ, ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ, ਰਾਜ ਆਫ਼ਤ ਪ੍ਰਤੀਕਿਰਿਆ ਬਲ, ਪੰਜਾਬ ਪੁਲਿਸ ਅਤੇ ਕਈ ਸਵੈ-ਇੱਛੁਕ ਸੰਸਥਾਵਾਂ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਰੁੱਝੀਆਂ ਹੋਈਆਂ ਨੇ। ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਏ ਕਿ ਦਰਿਆਵਾਂ ਦੇ ਸਾਰੇ ਬੰਨ੍ਹਾਂ 'ਤੇ ਲਗਾਤਾਰ

ਨਜ਼ਰ ਰੱਖੀ ਜਾ ਰਹੀ ਏ ਅਤੇ ਕੋਈ ਖ਼ਤਰੇ ਵਾਲੀ ਸਥਿਤੀ ਨਹੀਂ ਏ। ਕਿਸੇ ਵੀ ਜ਼ਰੂਰੀ ਸਥਿਤੀ ਵਿੱਚ, ਲੋਕ ਜ਼ਿਲ੍ਹਾ ਕੰਟਰੋਲ ਰੂਮ ਨਾਲ 0175-2350-550 ਅਤੇ 0175-2358-550 'ਤੇ ਸੰਪਰਕ ਕਰ ਸਕਦੇ ਨੇ। ਅਜਨਾਲਾ ਤੇ ਰਮਦਾਸ ਹਲਕੇ ਵੀ ਪ੍ਰਭਾਵਤ ਹੋਏ ਨੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਹਤ ਕਾਰਜ ਜਾਰੀ ਨੇ। ਰਾਵੀ ਦਰਿਆ ਦੇ ਪਾਣੀ ਨਾਲ ਘਿਰ ਚੁੱਕੇ ਘਰਾਂ ਵਿੱਚ ਲੋਕਾਂ ਤੱਕ ਪਹੁੰਚਣ ਲਈ ਡਰੋਨ ਦੀ ਸਹਾਇਤਾ ਵੀ ਲਈ ਜਾ ਰਹੀ ਏ। ਪਸ਼ੂਆਂ ਲਈ ਵੀ ਚਮਿਆਰੀ ਅਤੇ ਅਜਨਾਲਾ ਦਾਣਾ ਮੰਡੀ ਵਿੱਚ ਰਾਹਤ ਕੇਂਦਰ ਬਣਾਏ ਗਏ ਨੇ। ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਤੇ ਜ਼ਿਲ੍ਹਾ ਪੁਲਿਸ ਮੁਖੀ ਮਨਿੰਦਰ ਸਿੰਘ ਸਾਰੇ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਨੇ। ਉਧਰ ਸ੍ਰੀ ਵਾਲਮੀਕੀ ਤੀਰਥ ਸਥਲ ਦੇ ਸਮੂਹ ਮੈਂਬਰਾਂ ਨੇ ਫੈਸਲਾ ਲਿਆ ਏ ਕਿ ਹਰ ਪੀੜਤ ਪਰਿਵਾਰ ਇਸ ਮੰਦਿਰ ਵਿੱਚ ਆਸਰਾ ਲੈ ਸਕਦੇ ਨੇ । ਇਸੇ ਦੌਰਾਨ ਕੀਰਤਪੁਰ-ਮਨਾਲੀ ਰਾਸ਼ਟਰੀ ਰਾਜਮਾਰਗ (NH-3) ਤੇ ਮੰਡੀ ਅਤੇ ਕੁੱਲੂ ਦੇ ਵਿਚਕਾਰ ਜ਼ਮੀਨ ਖਿਸਕਣ ਨਾਲ ਇਕ ਵਾਰ ਫਿਰ ਮੰਡੀ ਜ਼ਿਲ੍ਹੇ ਦੇ ਖੋਟੀਨਾਲਾ ਵਿਖੇ ਸੜਕ ਬੰਦ ਹੋ ਗਈ।

--------------------------------------------------------

ਇਸੇ ਦੌਰਾਨ ਹੜ੍ਹ ਨਾਲ ਪੰਜਾਬ ਦੇ ਪ੍ਰਭਾਵਤ ਹਿੱਸਿਆਂ ਵਿਚ ਹੋਈ ਬਾਹੀ

ਨੂੰ ਦੇਖਦਿਆ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਏ ਕਿ ਇਸ ਨੂੰ ਕੌਮੀ ਆਫਤ ਐਲਾਨਿਆ ਜਾਵੇ।

----------------------------------------------------------

ਆਉਂਦੀ ਸਾਉਣੀ ਖਰੀਦ ਰੁੱਤ ਦੇ ਮੱਦੇਨਜ਼ਰ ਸੜਕੀ ਸੰਪਰਕ ਦੀ ਤੇਜ਼ੀ ਨਾਲ ਬਹਾਲੀ ਨੂੰ ਯਕੀਨੀ ਬਣਾਉਣ ਲਈ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪੰਜਾਬ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਾਲ ਹੀ ਵਿੱਚ ਆਏ ਹੜ੍ਹਾਂ ਕਾਰਨ ਲਿੰਕ ਸੜਕਾਂ ਨੂੰ ਹੋਏ ਨੁਕਸਾਨ ਬਾਰੇ ਇੱਕ ਵੇਰਵੇ ਸਹਿਤ ਰਿਪੋਰਟ ਤਿਆਰ ਕਰਕੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੜਕਾਂ ਦੀ ਬਹਾਲੀ ਲਈ ਲੋੜੀਂਦੀ ਸਹਾਇਤਾ ਵਾਸਤੇ ਕੇਂਦਰ ਸਰਕਾਰ ਨੂੰ ਅੰਤਿਮ ਰਿਪੋਰਟ ਜਲਦੀ ਭੇਜੀ ਜਾਵੇਗੀ।

----------------------------------------------------------

ਸ੍ਰੀ ਗੁਰੂ ਨਾਨਕ ਦੇਵ ਜੀ ਦੇ 538 ਵੇ ਵਿਆਹ ਪੁਰਬ ਨੂੰ ਲੈਕੇ ਅੱਜ ਵੱਡੀ ਤਾਦਾਦ ਵਿਚ ਸੰਗਤ ਬਟਾਲਾ ਦੇ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਅਤੇ ਸ੍ਰੀ ਕੰਧ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੀ ਏ। ਬੀਤੇ ਕਲ

ਕਪੂਰਥਲਾ ਦੇ ਸੁਲਤਾਨਪੁਰ ਲੋਧੀ ਤੋਂ ਇਕ ਬਰਾਤ ਰੂਪੀ ਮਹਾਨ ਨਗਰ ਕੀਰਤਨ ਦੇਰ ਰਾਤ ਬਟਾਲਾ ਪਹੁੰਚਿਆ ਏ ਤੇ ਅੱਜ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਲੈ ਕੇ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਇਆ। ਇਹ ਨਗਰ ਕੀਰਤਨ ਬਟਾਲਾ ਦੇ ਬਾਜ਼ਾਰਾਂ ਚੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਸ੍ਰੀ ਕੰਧ ਸਾਹਿਬ ਵਿਖੇ ਸੰਪੂਰਨ ਹੋਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨਗਰ ਕੀਰਤਨ ਵਿਚ ਸ਼ਾਮਿਲ ਹੋਏ। ਇਸ ਮੌਕੇ ਸੰਗਤ ਵਧਾਈ ਦਿੰਦਿਆਂ ਉਹਨਾਂ ਕਿਹਾ ਕਿ ਵਿਆਹ ਪੁਰਬ ਮਨਾਉਣ ਲਈ ਲੱਖਾਂ ਦੀ ਤਾਦਾਦ ਚ ਸੰਗਤ ਦੀ ਆਮਦ ਹੋਈ । ਬਟਾਲਾ ਦੇ ਲੋਕਾਂ ਵਲੋਂ ਵੀ ਜਗਾਹ ਜਗਾਹ ਤੇ ਸੰਗਤ ਲਈ ਲੰਗਰ ਆਦਿ ਦੀ ਸੇਵਾ ਕੀਤੀ ਜਾ ਰਹੀ ਏ।

---------------------------------------------------

ਐਂਟੀ ਗੈਂਗਸਟਰ ਟਾਸਕ ਫੋਰਸ ਪੰਜਾਬ ਨੇ ਹਿਮਾਚਲ ਪ੍ਰਦੇਸ਼ ਵਿਚ ਊਨਾ ਦੇ ਪਿੰਡ ਖਵਾਜਾ ਬਸਲ ਵਿੱਚ ਰਾਕੇਸ਼ ਕੁਮਾਰ ਉਰਫ ਗੱਗੀ ਦੇ ਕਤਲ ਵਿੱਚ ਸ਼ਾਮਲ ਮੁੱਖ ਸ਼ੂਟਰਾਂ ਵਿੱਚੋਂ ਇੱਕ ਨੂੰ ਗ੍ਰਿਫ਼ਤਾਰ ਕਰ ਕੇ ਉਸ ਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ ਸਮੇਤ ਛੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ। ਇਹ ਜਾਣਕਾਰੀ ਦਿੰਦਿਆਂ ਪੰਜਾਬ ਪੁਲਿਸ ਮੁਖੀ ਨੇ ਦੱਸਿਆ ਕਿ

ਮੁਲਜ਼ਮ ਦੀ ਪਛਾਣ ਹੁਸ਼ਿਆਰਪੁਰ ਦੇ ਵਿਪਨ ਕੁਮਾਰ ਵਜੋਂ ਹੋਈ ਏ। ਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਵਾਰਦਾਤ ਵਿਦੇਸ਼ੀ ਗੈਂਗਸਟਰਾਂ ਲਾਡੀ ਭਜਲ ਉਰਫ਼ ਕੂਨਰ ਅਤੇ ਮੋਨੂੰ ਗੁੱਜਰ ਅਤੇ ਬੱਬੀ ਰਾਣਾ ਵਿਚਕਾਰ ਗੈਂਗ ਰੰਜਿਸ਼ ਦਾ ਸਿੱਧਾ ਨਤੀਜਾ ਸੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਰਾਕੇਸ਼ ਕੁਮਾਰ ਉਰਫ਼ ਗੱਗੀ ਦੇ ਵਿਦੇਸ਼ੀ ਗੈਂਗਸਟਰ ਬੱਬੀ ਰਾਣਾ, ਜੋ ਸੋਨੂੰ ਖੱਤਰੀ ਦਾ ਸਾਥੀ ਏ, ਨਾਲ ਨਜ਼ਦੀਕੀ ਸਬੰਧ ਸਨ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਏ।